# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

**19:30**

**ਮਿਤੀ: 19-10-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਭਾਰਤ ਅਤੇ ਨਿਊਜ਼ੀਲੈਂਡ ਵਿਚਕਾਰ ਆਜ਼ਾਦ ਵਪਾਰ ਸਮਝੌਤਾ, ਕੱਲ੍ਹ ਵਿਜਯਾ-ਦਸ਼ਮੀ ਦੇ ਮੌਕੇ 'ਤੇ ਲਾਗੂ ਹੋਵੇਗਾ।

- ਅਮਰੀਕਾ ਦੇ ਵਿਦੇਸ਼ ਮੰਤਰੀ ਮਾਰਕੋ ਰੂਬੀਓ ਨੇ ਕਿਹਾ ਕਿ ਭਾਰਤ ਨਾਲ ਵਪਾਰ ਸਮਝੌਤੇ ਨੂੰ ਅੰਤਿਮ ਰੂਪ ਦੇਣ ਦੀ ਪ੍ਰਕਿਰਿਆ ਕਰੀਬ – ਕਰੀਬ ਪੂਰੀ ਹੋ ਚੁਕੀ ਏ।

- ਕੇਂਦਰੀ ਗ੍ਰਹਿ ਮੰਤਰੀ, ਅਮਿਤ ਸ਼ਾਹ, ਕਲ੍ਹ ਪੰਜਾਬ ਦੌਰੇ ਦੌਰਾਨ ਮਾਨਸਾ, ਸੰਗਰੂਰ ਤੇ ਗੁਰਦਾਸਪੁਰ ਵਿਚ ਨਸ਼ਿਆਂ ਦਾ ਵਿਰੋਧ ਕਰਨ ਕਰਕੇ, ਮਾਰੇ ਗਏ ਵਿਅਕਤੀਆਂ ਦੇ ਪਰਿਵਾਰਾਂ ਨੂੰ ਮਿਲਣਗੇ.

- ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਅੱਜ ਕਿਸਾਨਾਂ ਲਈ ਅਤਿ – ਆਧੁਨਿਕ ਖੇਤੀਬਾੜੀ ਭਲਾਈ ਪੋਰਟਲ ਲਾਂਚ ਕੀਤਾ।

- ਕੇਂਦਰੀ ਖਪਤਕਾਰ ਸੁਰੱਖਿਆ ਅਥਾਰਟੀ ਨੇ ਡਿਜੀਟਲ ਪਲੇਟਫਾਰਮਾਂ 'ਤੇ ਨਿਯੰਤ੍ਰਿਤ ਅਤੇ ਖਤਰਨਾਕ ਧਮਾਕਾਖੇਜ਼ ਪਦਾਰਥਾਂ ਦੀ ਵਿਕਰੀ ਦੇ ਅਣ-ਅਧਿਕ੍ਰਿਤ ਸੂਚੀਕਰਨ, ਇਸ਼ਤਿਹਾਰਬਾਜ਼ੀ ਅਤੇ ਪ੍ਰਚਾਰ ਵਿਰੁੱਧ ਨੇਮਬਧਕ ਕਾਰਵਾਈ ਸ਼ੁਰੂ ਕੀਤੀ ਏ ।

- ਏਸ਼ੀਅਨ ਪੈਰਾ ਗੇਮਜ਼ ਵਿੱਚ, ਮਰਦਾਂ ਦੇ ਨੇਜਾ ਸੁੱਟਣ ਦੇ ਮੁਕਾਬਲੇ ਵਿੱਚ, ਰਿੰਕੂ ਨੇ ਸੋਨੇ ਦਾ ਅਤੇ ਅਜੀਤ ਸਿੰਘ ਨੇ ਚਾਂਦੀ ਦਾ ਤਮਗਾ ਜਿੱਤਿਆ।

## *ਹੁਣ ਖਬਰਾਂ ਵਿਸਥਾਰ ਨਾਲ*

ਭਾਰਤ ਅਤੇ ਨਿਊਜ਼ੀਲੈਂਡ ਵਿਚਕਾਰ ਆਜ਼ਾਦ ਵਪਾਰ ਸਮਝੌਤਾ, ਕੱਲ੍ਹ ਵਿਜਯਾ-ਦਸ਼ਮੀ ਦੇ ਮੌਕੇ 'ਤੇ ਲਾਗੂ ਹੋਵੇਗਾ। ਇਹ ਸਮਝੌਤਾ ਨਿਊਜ਼ੀਲੈਂਡ ਨੂੰ ਭਾਰਤ ਤੋਂ ਹੋਣ ਵਾਲੇ ਬਰਾਮਦ 'ਤੇ 100 ਫ਼ੀਸਦੀ ਡਿਊਟੀ-ਮੁਕਤ

ਪਹੁੰਚ ਪ੍ਰਦਾਨ ਕਰੇਗਾ। ਅੱਜ ਨਵੀਂ ਦਿੱਲੀ ਵਿੱਚ ਭਾਰਤ-ਨਿਊਜ਼ੀਲੈਂਡ ਮੁਕਤ ਵਪਾਰ ਸਮਝੌਤੇ ਦੀ ਸ਼ੁਰੂਆਤ ਦੇ ਸੰਬੰਧ 'ਚ ਕਰਾਏ ਗਏ ਇੱਕ ਸਮਾਰੋਹ ਨੂੰ ਸੰਬੋਧਨ ਕਰਦਿਆਂ, ਮੰਤਰੀ ਪੀਯੂਸ਼ ਗੋਇਲ ਨੇ ਇਹ ਗੱਲ ਕਹੀ।

**BYTE: PIYUSH GOYAL**

ਉਨ੍ਹਾਂ ਨੇ ਕਿਹਾ ਕਿ ਇਹ ਸਮਝੌਤਾ, ਭਾਰਤੀ ਕਿਸਾਨਾਂ ਨੂੰ ਫਲਾਂ, ਸਬਜ਼ੀਆਂ, ਮਸਾਲਿਆਂ ਅਤੇ ਹੋਰ ਖੇਤੀਬਾੜੀ ਉਤਪਾਦਾਂ ਲਈ ਵੱਡੇ ਬਾਜ਼ਾਰਾਂ ਤੱਕ ਪਹੁੰਚ ਪ੍ਰਦਾਨ ਕਰੇਗਾ।

---

ਅਮਰੀਕਾ ਦੇ ਵਿਦੇਸ਼ ਮੰਤਰੀ ਮਾਰਕੋ ਰੂਬੀਓ ਨੇ ਕਿਹਾ ਏ ਕਿ ਭਾਰਤ ਨਾਲ ਵਪਾਰ ਸਮਝੌਤੇ ਨੂੰ ਅੰਤਿਮ ਰੂਪ ਦੇਣ ਦੀ ਪ੍ਰਕਿਰਿਆ ਕਰੀਬ-ਕਰੀਬ ਪੂਰੀ ਹੋ ਚੁਕੀ ਏ। ਅੱਜ ਉਜ਼ਬੇਕਿਸਤਾਨ ਦੇ ਸਮਰਕੰਦ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਸ਼੍ਰੀ ਰੂਬੀਓ ਨੇ ਰੂਸ ਤੋਂ ਤੇਲ ਅਤੇ ਗੈਸ ਖਰੀਦਣ ਵਾਲੇ ਦੇਸ਼ਾਂ ਨੂੰ ਪਾਬੰਦੀਆਂ ਤੋਂ ਅਸਥਾਈ ਰਾਹਤ ਦੇਣ ਦੇ ਅਮਰੀਕਾ ਦੇ ਫੈਸਲੇ ਨੂੰ ਸਹੀ ਠਹਿਰਾਇਆ। ਉਨ੍ਹਾਂ ਕਿਹਾ ਕਿ ਇਸ ਦਾ ਉਦੇਸ਼, ਆਲਮੀ ਪੱਧਰ 'ਤੇ ਊਰਜਾ ਦੀ ਉਪਲਬਧਤਾ ਨੂੰ ਬਣਾਈ ਰੱਖਣਾ ਅਤੇ ਕੀਮਤਾਂ 'ਤੇ ਦਬਾਅ ਘਟਾਉਣਾ ਏ। ਉਨ੍ਹਾਂ ਕਿਹਾ ਕਿ ਵਿਦੇਸ਼ ਨੀਤੀ ਦੇ ਫੈਸਲੇ ਲੈਂਦੇ ਸਮੇਂ, ਹਰੇਕ ਦੇਸ਼ ਨੂੰ ਆਪਣੀ ਭੂਗੋਲਿਕ ਸਥਿਤੀ ਅਤੇ ਊਰਜਾ ਦੇ ਵਿਕਲਪਕ ਸਰੋਤਾਂ ਤੱਕ ਪਹੁੰਚ ਦੀਆਂ ਚੁਣੌਤੀਆਂ ਨੂੰ

ਧਿਆਨ ਵਿੱਚ ਰੱਖਣਾ ਚਾਹੀਦਾ ਏ। ਮਾਰਕੋ ਰੂਬੀਓ ਕੱਲ੍ਹ ਮੁੰਬਈ ਪਹੁੰਚਣਗੇ, ਜਿੱਥੇ ਉਹ ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਨਾਲ ਮੁਲਾਕਾਤ ਕਰਨਗੇ।

---------------------------------------------------

ਕੇਂਦਰੀ ਗ੍ਰਹਿ ਮੰਤਰੀ, ਅਮਿਤ ਸ਼ਾਹ ਕੱਲ੍ਹ ਮਾਨਸਾ ਵਿੱਚ ਨਸ਼ਾ ਵਿਰੋਧੀ ਕਾਰਜਕਰਤਾ ਪਰਵਿੰਦਰ ਸਿੰਘ ਝੋਟਾ ਦੇ ਪਰਿਵਾਰਕ ਮੈਂਬਰਾਂ ਨੂੰ ਮਿਲਣ ਲਈ ਪੰਜਾਬ ਦਾ ਦੌਰਾ ਕਰ ਰਹੇ ਨੇ। ਉਹ ਉਨ੍ਹਾਂ ਲੋਕਾਂ ਦੇ ਪਰਿਵਾਰਾਂ ਨੂੰ ਵੀ ਮਿਲਣਗੇ, ਜਿਨ੍ਹਾਂ ਨੇ ਹਾਲ ਹੀ ਵਿੱਚ ਗੁਰਦਾਸਪੁਰ ਅਤੇ ਸੰਗਰੂਰ ਜ਼ਿਲ੍ਹਿਆਂ ਵਿੱਚ ਨਸ਼ਾ ਤਸਕਰਾਂ ਵਿਰੁੱਧ ਆਵਾਜ਼ ਬੁਲੰਦ ਕਰਨ ਲਈ ਆਪਣੀਆਂ ਜਾਨਾਂ ਗੁਆ ਦਿੱਤੀਆਂ। ਸ੍ਰੀ ਸ਼ਾਹ ਨੇ ਪੰਜਾਬ ਵਿੱਚ ਆਮ ਆਦਮੀ ਪਾਰਟੀ (ਆਪ) ਸਰਕਾਰ ਨੂੰ ਸੂਬੇ ਵਿੱਚ ਫੈਲੇ ਨਸ਼ਿਆਂ ਦੇ ਖਤਰੇ, ਜਿਸ ਕਾਰਨ ਬਹੁਤ ਸਾਰੇ ਪਰਿਵਾਰਾਂ ਨੇ ਆਪਣੇ ਪੁੱਤਰ ਗੁਆ ਦਿੱਤੇ ਨੇ, ਲਈ ਜ਼ਿੰਮੇਵਾਰ ਠਹਿਰਾਇਆ ਏ।

ਪੰਜਾਬ ਭਾਜਪਾ ਪ੍ਰਧਾਨ, ਕੇਵਲ ਸਿੰਘ ਢਿੱਲੋਂ ਨੇ ਗ੍ਰਹਿ ਮੰਤਰੀ ਦੇ ਦੌਰੇ ਦੇ ਵੇਰਵੇ ਸਾਂਝੇ ਕਰਦੇ ਹੋਏ ਕਿਹਾ।

**BYTE: KEWAL SINGH DHILLON**

ਇਸ ਦੌਰਾਨ, ਸ਼੍ਰੋਮਣੀ ਅਕਾਲੀ ਦਲ (SAD) ਨੇਤਾ ਅਤੇ ਸਾਬਕਾ ਸੰਸਦ ਮੈਂਬਰ, ਹਰਸਿਮਰਤ ਕੌਰ ਬਾਦਲ ਨੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ

ਬੇਨਤੀ ਕੀਤੀ ਏ ਓਹ ਛੋਟਾ ਦੇ ਕਤਲ ਅਤੇ ਰਾਜ ਵਿਚ ਨਸ਼ਿਆਂ ਦੇ ਵਿਆਪਕ ਕਾਰੋਬਾਰ 'ਚ CBI ਜਾਂਚ ਕਰਾਉਣ। ਓਹਨਾਂ ਪੰਜਾਬ ਵਿਚ ਨਸ਼ਿਆਂ ਲਈ ਜ਼ਿੰਮੇਵਾਰ ਅਤੇ ਨਸ਼ਿਆਂ ਖਿਆਫ਼ ਆਵਾਜ਼ ਉਠਾਉਣ ਵਾਲਿਆਂ ਦੀ ਆਵਾਜ਼ ਦਬਾ ਦੇਣ ਵਾਲਿਆਂ ਖਿਲਾਫ਼ ਸਜ਼ਾ ਦੀ ਮੰਗ ਕੀਤੀ ਜੋ ਸਾਰਿਆਂ ਲਈ ਇੱਕ ਸਬਕ ਹੋਵੇ।

ਗ੍ਰਹਿ ਮੰਤਰੀ ਨੂੰ ਲਿਖੇ ਇੱਕ ਪੱਤਰ ਵਿੱਚ, ਸ਼੍ਰੀਮਤੀ ਬਾਦਲ ਨੇ ਕਿਹਾ ਕਿ ਛੋਟਾ ਦੇ ਦਿਨ-ਦਿਹਾੜੇ ਹੋਏ ਕਤਲ ਨੇ ਨਸ਼ਿਆਂ ਦੇ ਖਤਰੇ ਅਤੇ ਸੂਬੇ ਵਿੱਚ ਕਾਨੂੰਨ ਵਿਵਸਥਾ ਦੇ ਪੂਰੀ ਤਰ੍ਹਾਂ ਢਹਿ-ਢੇਰੀ ਹੋਣ ਦੀ ਕੌੜੀ ਹਕੀਕਤ ਨੂੰ ਉਜਾਗਰ ਕਰ ਦਿੱਤਾ ਏ । ਉਨ੍ਹਾਂ ਕਿਹਾ ਕਿ ਛੋਟਾ ਵੱਲੋਂ ਵਾਰ-ਵਾਰ ਨਸ਼ੇ ਵੇਚੇ ਜਾਣ ਬਾਰੇ ਪੁਲਿਸ ਨੂੰ ਸੁਚੇਤ ਕਰਨ ਦੇ ਬਾਵਜੂਦ, ਕੋਈ ਕਾਰਵਾਈ ਨਹੀਂ ਕੀਤੀ ਗਈ। ਸਗੋਂ ਕੈਮਿਸਟ ਅਸ਼ਵਨੀ ਕੁਮਾਰ, ਜਿਸਨੇ ਨਸ਼ਾ ਵਿਰੋਧੀ ਕਾਰਜਕਰਤਾ ਨੂੰ ਗੋਲੀ ਮਾਰੀ ਸੀ, ਨੂੰ ਮਾਨਸਾ ਪੁਲਿਸ ਵਲੋਂ ਉਸ 'ਤੇ 10 ਛਾਪੇਮਾਰੀਆਂ ਕਰਨ ਦੇ ਬਾਵਜੂਦ ਵੀ ਹਥਿਆਰਾਂ ਦਾ ਲਾਇਸੈਂਸ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਇਹ ਡਰੱਗ ਮਾਫੀਆ ਦੇ ਪੰਜਾਬ ਵਿੱਚ ਪੁਲਿਸ ਅਤੇ ਸੱਤਾ ਵਿੱਚ ਬੈਠੇ ਲੋਕਾਂ ਨਾਲ ਕਥਿਤ ਗੱਠਜੋੜ ਬਾਰੇ ਗੰਭੀਰ ਸਵਾਲ ਖੜ੍ਹੇ ਕਰਦਾ ਏ। ਇਸੇ ਤਰ੍ਹਾਂ, ਛੋਟਾ ਦੇ ਪਿਤਾ ਭੀਮ ਸਿੰਘ ਨੇ ਵੀ ਕੱਲ੍ਹ ਗ੍ਰਹਿ ਮੰਤਰੀ ਦੇ ਮਾਨਸਾ ਦੌਰੇ ਦਾ ਸਵਾਗਤ ਕਰਦੇ ਹੋਏ, ਇਸ ਮਾਮਲੇ ਦੀ ਸੀਬੀਆਈ ਜਾਂਚ ਦੀ ਮੰਗ ਕੀਤੀ ਏ।

---

ਕਾਂਗਰਸ ਨੇ ਪੰਜਾਬ ਵਿੱਚ ਵਿਗੜਦੀ ਕਾਨੂੰਨ ਵਿਵਸਥਾ ਦੀ ਸਥਿਤੀ ਅਤੇ ਨਸ਼ਿਆਂ ਦੀ ਸਮੱਸਿਆ ਨੂੰ ਲੈ ਕੇ ਸੂਬਾ ਸਰਕਾਰ 'ਤੇ ਸਵਾਲ ਚੁੱਕੇ ਨੇ. ਕਾਂਗਰਸ ਆਗੂ ਅਤੇ ਪੰਜਾਬ ਕਾਂਗਰਸ ਦੇ ਇੰਚਾਰਜ ਸਚਿਨ ਪਾਇਲਟ ਅਤੇ ਪ੍ਰਧਾਨ ਪ੍ਰਗਟ ਸਿੰਘ ਅੱਜ ਗੁਰਦਾਸਪੁਰ ਪਹੁੰਚੇ ਜਿੱਥੇ ਉਨ੍ਹਾਂ ਨੇ ਸੂਬੇ ਵਿੱਚ ਕਾਨੂੰਨ ਵਿਵਸਥਾ ਦੀ ਸਥਿਤੀ 'ਤੇ ਚਿੰਤਾ ਪ੍ਰਗਟ ਕੀਤੀ ਅਤੇ ਨਸ਼ਿਆਂ ਦੀ ਦੁਰਵਰਤੋਂ ਅਤੇ ਲਗਾਤਾਰ ਹੋ ਰਹੀ ਗੋਲੀਬਾਰੀ ਦਾ ਮੁੱਦਾ ਪ੍ਰਮੁੱਖਤਾ ਨਾਲ ਉਠਾਇਆ। ਸਚਿਨ ਪਾਇਲਟ ਨੇ ਕਿਹਾ ਕਿ ਇਨ੍ਹਾਂ ਸਮੱਸਿਆਵਾਂ ਨੇ ਪੰਜਾਬ ਨੂੰ ਅੰਦਰੋਂ ਕਮਜ਼ੋਰ ਕਰ ਦਿੱਤਾ ਏ ਅਤੇ ਇਹ ਨੌਜਵਾਨਾਂ ਦੇ ਭਵਿੱਖ ਨੂੰ ਸਭ ਤੋਂ ਵੱਧ ਪ੍ਰਭਾਵਿਤ ਕਰ ਰਿਹਾ ਏ।

**BYTE: SACHIN PILOT**

---

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਵਿਜੈਯਦਸ਼ਮੀ ਤੋਂ ਪਹਿਲਾਂ ਦੀ ਸ਼ਾਮ ਲੋਕਾਂ ਨੂੰ ਵਧਾਈਆਂ ਦਿੱਤੀਆਂ ਨੇ. ਆਪਣੇ ਸੰਦੇਸ਼ ਵਿੱਚ, ਰਾਸ਼ਟਰਪਤੀ ਨੇ ਕਿਹਾ ਕਿ ਇਹ ਤਿਉਹਾਰ ਰਾਵਣ ਉੱਤੇ ਭਗਵਾਨ ਰਾਮ ਦੀ ਜਿੱਤ ਦਾ ਪ੍ਰਤੀਕ ਏ। ਰਾਸ਼ਟਰਪਤੀ ਮੁਰਮੂ ਨੇ ਅੱਗੇ ਕਿਹਾ ਕਿ ਇਹ ਤਿਉਹਾਰ ਅਧਰਮ ਅਤੇ ਅਨਿਆਂ ਉੱਤੇ ਧਰਮ ਅਤੇ ਨਿਆਂ ਦੀ ਜਿੱਤ ਦਾ ਜਸ਼ਨ ਮਨਾਉਂਦਾ ਏ।

-------------------------------------------------------------

ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਅੱਜ ਕਿਸਾਨਾਂ ਲਈ ਅਤਿ – ਆਧੁਨਿਕ ਖੇਤੀਬਾੜੀ ਭਲਾਈ ਪੋਰਟਲ ਲਾਂਚ ਕੀਤਾ।

ਇਸ ਪੋਰਟਲ ਦਾ ਉਦੇਸ਼ ਦੇਸ਼ ਭਰ ਦੇ ਕਿਸਾਨਾਂ ਨੂੰ ਸਰਕਾਰੀ ਯੋਜਨਾਵਾਂ, ਮਾਲੀ ਸਹਾਇਤਾ ਅਤੇ ਖੇਤੀਬਾੜੀ ਬਾਰੇ ਭਰੋਸੇਯੋਗ ਜਾਣਕਾਰੀ ਸਿੱਧੇ ਉਨ੍ਹਾਂ ਦੇ ਮੋਬਾਈਲ ਫੋਨਾਂ 'ਤੇ ਪ੍ਰਦਾਨ ਕਰਨਾ ਏ। ਇਹ ਸਰਕਾਰੀ ਪ੍ਰਕਿਰਿਆਵਾਂ ਦੀਆਂ ਪੇਚੀਦਗੀਆਂ ਨੂੰ ਘਟਾਏਗਾ ਅਤੇ ਵਿਚੋਲਿਆਂ ਨੂੰ ਖਤਮ ਕਰਨ ਵਿੱਚ ਮਦਦ ਕਰੇਗਾ।

ਇਸ ਮੌਕੇ 'ਤੇ, ਸ਼੍ਰੀ ਚੌਹਾਨ ਨੇ ਕਿਹਾ ਕਿ ਕਿਸਾਨਾਂ ਨੂੰ ਹੁਣ ਸਰਕਾਰੀ ਯੋਜਨਾਵਾਂ ਲਈ ਜਾਣਕਾਰੀ ਪ੍ਰਾਪਤ ਕਰਨ ਜਾਂ ਅਰਜ਼ੀ ਦੇਣ ਲਈ ਵੱਖ-ਵੱਖ ਸਰਕਾਰੀ ਦਫਤਰਾਂ ਅਤੇ ਵੈੱਬਸਾਈਟਾਂ 'ਤੇ ਨਹੀਂ ਜਾਣਾ ਪਵੇਗਾ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ ਦ੍ਰਿਸ਼ਟੀਕੋਣ ਇਹ ਯਕੀਨੀ ਬਣਾਉਣਾ ਏ ਕਿ ਸਰਕਾਰ ਨਾਗਰਿਕਾਂ ਅਤੇ ਕਿਸਾਨਾਂ ਲਈ ਹਰ ਸਮੇਂ ਉਨ੍ਹਾਂ ਦੇ ਮੋਬਾਈਲ ਫੋਨਾਂ 'ਤੇ ਉਪਲਬਧ ਹੋਵੇ।

ਸ਼੍ਰੀ ਚੌਹਾਨ ਨੇ ਕਿਹਾ ਕਿ ਇਹ ਪੋਰਟਲ ਕਿਸਾਨ ਉਤਪਾਦਕ ਸੰਗਠਨਾਂ, ਪ੍ਰਾਇਮਰੀ ਖੇਤੀਬਾੜੀ ਕਰਜ਼ਾ ਸੁਸਾਇਟੀਆਂ, ਖੇਤੀਬਾੜੀ ਵਿਗਿਆਨੀਆਂ, ਖੋਜਕਰਤਾਵਾਂ ਅਤੇ ਸਟਾਰਟਅੱਪਸ ਨੂੰ ਇੱਕ ਸਾਂਝੇ ਡਿਜੀਟਲ ਪਲੇਟਫਾਰਮ 'ਤੇ ਵੀ ਇਕੱਠੇ ਕਰੇਗਾ।

**BYTE: SHIVRAJ SINGH CHAUHAN**

---

ਭਾਰਤ ਨੇ ਬਗਦਾਦ ਵਿੱਚ 17 ਅਤੇ 18 ਅਕਤੂਬਰ ਨੂੰ ਹੋਈ ਇਸਲਾਮਿਕ ਸਹਿਯੋਗ ਸੰਗਠਨ (OIC) ਦੇ ਵਿਦੇਸ਼ ਮੰਤਰੀਆਂ ਦੀ ਮੀਟਿੰਗ ਵਿੱਚ ਪਾਸ ਕੀਤੇ ਗਏ ਮਤਿਆਂ ਵਿੱਚ, ਭਾਰਤ ਖਿਲਾਫ ਕੀਤੀਆਂ ਗਈਆਂ ਟਿੱਪਣੀਆਂ ਨੂੰ ਸਪੱਸ਼ਟ ਤੌਰ 'ਤੇ ਰੱਦ ਕਰ ਦਿੱਤਾ ਏ।

ਵਿਦੇਸ਼ ਮੰਤਰਾਲੇ ਨੇ ਕਿਹਾ ਕਿ ਭਾਰਤ ਬਾਰੇ ਕੀਤੀਆਂ ਗਈਆਂ ਟਿੱਪਣੀਆਂ ਪੱਖਪਾਤੀ ਅਤੇ ਝੂਠੀਆਂ ਨੇ। ਮੰਤਰਾਲੇ ਨੇ ਕਿਹਾ ਕਿ ਇਸਲਾਮਿਕ ਸਹਿਯੋਗ ਸੰਗਠਨ ਨੇ ਇੱਕ ਵਾਰ ਫਿਰ ਪਾਕਿਸਤਾਨ ਨੂੰ ਆਪਣੇ ਮਾੜੇ ਏਜੰਡੇ ਨੂੰ ਅੱਗੇ ਵਧਾਉਣ ਲਈ ਸੰਗਠਨ ਦੀ ਦੁਰਵਰਤੋਂ ਕਰਨ ਦਿੱਤੀ ਏ। ਮੰਤਰਾਲੇ ਨੇ ਅੱਗੇ ਕਿਹਾ ਕਿ OIC ਕੋਲ, ਭਾਰਤ ਦੇ ਅੰਦਰੂਨੀ ਮਾਮਲਿਆਂ 'ਤੇ ਟਿੱਪਣੀ ਕਰਨ ਦਾ ਕੋਈ ਅਧਿਕਾਰ ਨਹੀਂ ਏ।

ਭਾਰਤ ਨੇ ਕਿਹਾ ਕਿ ਕੇਂਦਰ ਸ਼ਾਸਿਤ ਪ੍ਰਦੇਸ਼, ਜੰਮੂ-ਕਸ਼ਮੀਰ ਅਤੇ ਲੱਦਾਖ, ਭਾਰਤ ਦੇ ਅਨਿੱਖੜਵੇਂ ਅਤੇ ਅਟੁੱਟ ਅੰਗ ਨੇ, ਅਤੇ ਸਿਆਸੀ ਉਦੇਸ਼ਾਂ ਤੋਂ ਪ੍ਰੇਰਿਤ ਦੁਰਪ੍ਰਚਾਰ ਇਸ ਹਕੀਕਤ ਨੂੰ ਨਹੀਂ ਬਦਲ ਸਕਦਾ।

---

ਸਰਕਾਰ ਨੇ ਇੰਸਟਾਗ੍ਰਾਮ ਅਤੇ ਫੇਸਬੁੱਕ ਦੀ ਮੂਲ ਕੰਪਨੀ, ਮੇਟਾ ਨੂੰ ਕਿਹਾ ਏ ਕਿ ਉਹ ਆਪਣੀ ਸਮੱਗਰੀ ਦਿਖਾਉਣ ਵਾਲੀ ਪ੍ਰਣਾਲੀ ਵਿੱਚ

ਯਕੀਨੀ ਬਣਾਉਣ ਕਿ, ਵਰਤੋਕਾਰਾਂ ਨੂੰ ਕਿਸੇ ਇੱਕ ਜਾਂ ਕੁਝ ਚੋਣਵੇਂ ਵਿਚਾਰਾਂ ਨਾਲ ਜੁੜੀ ਸਮੱਗਰੀ ਹੀ ਲੋੜ ਤੋਂ ਵੱਧ ਨਾ ਦਿਖਾਈ ਜਾਵੇ।

ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰਾਲੇ ਨੇ ਇੱਕ ਸਲਾਹ ਜਾਰੀ ਕਰਕੇ, ਕੰਪਨੀ ਨੂੰ ਅਜਿਹੀ ਸਮੱਗਰੀ ਦੀ ਨਿਗਰਾਨੀ ਵਧਾਉਣ ਲਈ ਕਿਹਾ ਏ, ਜਿਸ ਨਾਲ ਜਨਤਕ ਵਿਵਸਥਾ ਵਿਗੜ ਸਕਦੀ ਏ।

---------------------------------------------------------------

ਕੇਂਦਰੀ ਖਪਤਕਾਰ ਸੁਰੱਖਿਆ ਅਥਾਰਟੀ ਨੇ ਡਿਜੀਟਲ ਪਲੇਟਫਾਰਮਾਂ 'ਤੇ ਨਿਯੰਤ੍ਰਿਤ ਅਤੇ ਖਤਰਨਾਕ ਧਮਾਕਾਖੇਜ਼ ਪਦਾਰਥਾਂ ਦੀ ਵਿਕਰੀ ਦੇ ਅਣ-ਅਧਿਕ੍ਰਿਤ ਸੂਚੀਕਰਨ, ਇਸ਼ਤਿਹਾਰਬਾਜ਼ੀ ਅਤੇ ਪ੍ਰਚਾਰ ਵਿਰੁੱਧ ਨੇਮਬਧਕ ਕਾਰਵਾਈ ਸ਼ੁਰੂ ਕੀਤੀ ਏ।

ਖਪਤਕਾਰ ਮਾਮਲਿਆਂ, ਖੁਰਾਕ ਅਤੇ ਜਨਤਕ ਵੰਡ ਮੰਤਰਾਲੇ ਨੇ ਕਿਹਾ ਕਿ ਇਸ ਕਾਰਵਾਈ ਦਾ ਉਦੇਸ਼ ਖਪਤਕਾਰਾਂ, ਜਨਤਕ ਸੁਰੱਖਿਆ ਦੀ ਰੱਖਿਆ ਕਰਨਾ ਅਤੇ ਜ਼ਿੰਮੇਵਾਰ ਈ-ਕਾਮਰਸ ਦੇ ਜ਼ਿਮੇਵਾਰੀ ਤੌਰ - ਤਰੀਕਿਆਂ ਨੂੰ ਮਜ਼ਬੂਤ ਕਰਨਾ ਏ।

---------------------------------------------------------------

ਏਸ਼ੀਅਨ ਪੈਰਾ ਗੇਮਜ਼ ਵਿੱਚ, ਨਿਸ਼ਾਦ ਕੁਮਾਰ ਨੇ ਜਾਪਾਨ ਦੇ ਆਈਚੀ-ਨਾਗੋਆ ਵਿੱਚ ਮਰਦਾਂ ਦੇ ਲੰਮੀ ਛਾਲ ਮੁਕਾਬਲੇ ਵਿੱਚ ਭਾਰਤ ਦਾ ਪਹਿਲਾ ,ਪੈਰਾ-ਐਥਲੈਟਿਕਸ ਸੋਨੇ ਦਾ ਤਮਗਾ ਜਿੱਤਿਆ ਏ।

ਸੌਮਿਆ ਨੇ ਔਰਤਾਂ ਦੇ 1500 ਮੀਟਰ ਮੁਕਾਬਲੇ ਵਿੱਚ ਸੋਨੇ ਦਾ ਤਮਗਾ ਜਿੱਤਿਆ, ਜਦੋਂ ਕਿ ਰਾਧਾ ਵੈਂਕਟੇਸ਼ ਨੇ ਚਾਂਦੀ ਦਾ ਤਮਗਾ ਹਾਸਿਲ ਕੀਤਾ।

ਮਰਦਾਂ ਦੇ ਨੇਜਾ ਸੁੱਟਣ ਦੇ ਮੁਕਾਬਲੇ ਵਿੱਚ, ਰਿੰਕੂ ਨੇ ਸੋਨੇ ਦਾ ਅਤੇ ਅਜੀਤ ਸਿੰਘ ਨੇ ਚਾਂਦੀ ਦਾ ਤਮਗਾ ਜਿੱਤਿਆ।

--------------------------------------------------

- ਭਾਰਤ ਅਤੇ ਨਿਊਜ਼ੀਲੈਂਡ ਵਿਚਕਾਰ ਆਜ਼ਾਦ ਵਪਾਰ ਸਮਝੌਤਾ, ਕੱਲ੍ਹ ਵਿਜਯਾ-ਦਸ਼ਮੀ ਦੇ ਮੌਕੇ 'ਤੇ ਲਾਗੂ ਹੋਵੇਗਾ।

- ਅਮਰੀਕਾ ਦੇ ਵਿਦੇਸ਼ ਮੰਤਰੀ ਮਾਰਕੋ ਰੂਬੀਓ ਨੇ ਕਿਹਾ ਕਿ ਭਾਰਤ ਨਾਲ ਵਪਾਰ ਸਮਝੌਤੇ ਨੂੰ ਅੰਤਿਮ ਰੂਪ ਦੇਣ ਦੀ ਪ੍ਰਕਿਰਿਆ ਕਰੀਬ – ਕਰੀਬ ਪੂਰੀ ਹੋ ਚੁਕੀ ਏ।

- ਕੇਂਦਰੀ ਗ੍ਰਹਿ ਮੰਤਰੀ, ਅਮਿਤ ਸ਼ਾਹ, ਕਲ੍ਹ ਪੰਜਾਬ ਦੌਰੇ ਦੌਰਾਨ ਮਾਨਸਾ, ਸੰਗਰੂਰ ਤੇ ਗੁਰਦਾਸਪੁਰ ਵਿਚ ਨਸ਼ਿਆਂ ਦਾ ਵਿਰੋਧ ਕਰਨ ਕਰਕੇ, ਮਾਰੇ ਗਏ ਵਿਅਕਤੀਆਂ ਦੇ ਪਰਿਵਾਰਾਂ ਨੂੰ ਮਿਲਣਗੇ.

- ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਅੱਜ ਕਿਸਾਨਾਂ ਲਈ ਅਤਿ – ਆਧੁਨਿਕ ਖੇਤੀਬਾੜੀ ਭਲਾਈ ਪੋਰਟਲ ਲਾਂਚ ਕੀਤਾ।

- ਕੇਂਦਰੀ ਖਪਤਕਾਰ ਸੁਰੱਖਿਆ ਅਥਾਰਟੀ ਨੇ ਡਿਜੀਟਲ ਪਲੇਟਫਾਰਮਾਂ 'ਤੇ ਨਿਯੰਤ੍ਰਿਤ ਅਤੇ ਖਤਰਨਾਕ ਧਮਾਕਾਖੇਜ਼ ਪਦਾਰਥਾਂ ਦੀ ਵਿਕਰੀ ਦੇ ਅਣ-ਅਧਿਕ੍ਰਿਤ ਸੂਚੀਕਰਨ, ਇਸ਼ਤਿਹਾਰਬਾਜ਼ੀ ਅਤੇ ਪ੍ਰਚਾਰ ਵਿਰੁੱਧ ਨੇਮਬਧਕ ਕਾਰਵਾਈ ਸ਼ੁਰੂ ਕੀਤੀ ਏ।

- ਏਸ਼ੀਅਨ ਪੈਰਾ ਗੇਮਜ਼ ਵਿੱਚ, ਮਰਦਾਂ ਦੇ ਨੇਜਾ ਸੁੱਟਣ ਦੇ ਮੁਕਾਬਲੇ ਵਿੱਚ, ਰਿੰਕੂ ਨੇ ਸੋਨੇ ਦਾ ਅਤੇ ਅਜੀਤ ਸਿੰਘ ਨੇ ਚਾਂਦੀ ਦਾ ਤਮਗਾ ਜਿੱਤਿਆ।

---

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ। ਸਾਡਾ ਅਗਲਾ ਰਾਸ਼ਟਰੀ ਖ਼ਬਰਾਂ ਦਾ ਬੁਲੇਟਿਨ, ਭਲਕੇ ਸਵੇਰੇ 8 ਵਜ ਕੇ 30 ਮਿੰਟ 'ਤੇ ਹੋਏਗਾ। ਨਮਸਕਾਰ!**